# ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
2. ਸਮੂਹ ਸਕੂਲ ਮੁੱਖੀ।

ਮੀਮੋ ਨੰ: Transfer Cell/2026/322388/੨੬੨੧

ਮਿਤੀ: 19.05.2026

**ਵਿਸ਼ਾ: ਅਧਿਆਪਕ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਦੀਆਂ ਬਦਲੀਆਂ ਦੀਆਂ ਬੇਨਤੀਆਂ ਡੀ.ਡੀ.ਓ/ਸਕੂਲ ਮੁੱਖੀ ਵਲੋਂ ਤਸਦੀਕ ਕਰਨ ਸਬੰਧੀ।**

**ਹਵਾਲਾ:- ਦਫਤਰ ਦੇ ਮੀਮੋ ਨੰ. Transfer Cell/2026/322388/2617 ਮਿਤੀ 04.05.2026 ਅਤੇ ਮਿਤੀ 14.05.2026 ਸਬੰਧੀ।**

1.0 ਸਾਲ 2026 ਦੌਰਾਨ ਆਮ ਬਦਲੀਆਂ ਲਈ ਹਵਾਲਾ ਅਧੀਨ ਜਨਤਕ ਸੂਚਨਾਂ ਰਾਹੀਂ, ਅਧਿਆਪਕ, ਕੰਪਿਊਟਰ ਫੈਕਲਟੀ ਅਤੇ ਨਾਨ ਟੀਚਿੰਗ ਸਟਾਫ ਜੋ ਪਾਲਿਸੀ ਅਨੁਸਾਰ ਕਵਰ ਹੁੰਦੇ ਹਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਹਨ ਉਹਨਾਂ ਤੋਂ ਬਦਲੀ ਲਈ ਆਨਲਾਈਨ ਬੇਨਤੀਆਂ ਮਿਤੀ 18.05.2026 ਤੱਕ ਮੰਗੀਆਂ ਗਈਆਂ ਸਨ।

2.0 ਦਰਖਾਸਤਕਰਤਾਵਾਂ ਵਲੋਂ ਈ ਪੰਜਾਬ ਪੋਰਟਲ ਤੇ ਆਪਣੇ ਵੇਰਵੇ ਜਿਵੇਂ ਕਿ General Details, Results, Service Record ਭਰੇ ਹਨ।ਦਰਖਾਸਤ ਕਰਤਾਵਾਂ ਵਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ ਹੈ ਉਸ ਦੀ ਤਸਦੀਕ ਸਕੂਲ ਮੁੱਖੀ/ਡੀ.ਡੀ.ਓ ਵਲੋਂ ਮਿਤੀ 19.05.2026 ਤੋਂ 22.05.2026 ਤੱਕ ਕੀਤੀ ਜਾਣੀ ਹੈ। ਇਸ ਮੰਤਵ ਲਈ ਸਕੂਲ ਮੁੱਖੀ/ਡੀ.ਡੀ.ਓ ਈ ਪੰਜਾਬ ਪੋਰਟਲ ਤੇ ਲਾਗ ਇਨ ਕਰਕੇ Staff Menu ਵਿੱਚ ਦਿੱਤੇ ਲਿੰਕ Transfer and Verification ਤੇ ਜਾ ਕੇ ਦਰਖਾਸਤਕਰਤਾ ਵਲੋਂ ਭਰੇ ਡਾਟਾ ਦੀ ਵੈਰੀਫੀਕੇਸਨ ਕਰਨਗੇ। ਵੈਰੀਫਿਕੇਸਨ ਉਪਰੰਤ ਜੇਕਰ ਰਿਕਾਰਡ ਅਨੁਸਾਰ ਬਿਨੈਕਾਰ ਦੇ ਡਾਟਾ ਵਿੱਚ ਕੋਈ ਤਰੁੱਟੀ ਪਾਈ ਜਾਂਦੀ ਹੈ ਤਾਂ ਸਕੂਲ ਮੁੱਖੀ/ ਡੀ.ਡੀ.ਓ ਉਸ ਨੂੰ ਆਪਣੀ ਤੱਸਲੀ ਕਰਨ ਉਪਰੰਤ ਦਰੁਸਤ ਕਰਨਾ ਯਕੀਨੀ ਬਣਾਉਣਗੇ। ਸਕੂਲ ਮੁੱਖੀ/ਡੀ.ਡੀ.ਓ ਡਾਟਾ ਵੈਰੀਫਿਕੇਸਨ ਕਰਨ ਉਪਰੰਤ Approve ਦਾ ਬਟਨ ਦਬਾਉਣਗੇ।

3.0 ਕਈ ਸਕੂਲਾਂ/ਦਫਤਰਾਂ ਵਿੱਚ ਸਕੂਲ ਮੁੱਖੀ/ਡੀ.ਡੀ.ਓ ਨਹੀਂ ਹਨ, ਕਿਉਂਜੋ ਬਦਲੀਆਂ ਦਾ ਕੰਮ ਸਮਾਂ ਬੱਧ ਹੈ ਇਸ ਲਈ ਉਹਨਾਂ ਸਕੂਲਾਂ ਵਿੱਚ ਕੰਮ ਕਰ ਰਹੇ ਸੀਨੀਅਰ ਅਧਿਆਪਕ/ਕਰਮਚਾਰੀ ਬਦਲੀ ਅਪਲਾਈ ਕਰਨ ਵਾਲੇ ਦਰਖਾਸਤਕਰਤਾਵਾਂ ਦਾ ਡਾਟਾ ਕੇਵਲ ਬਦਲੀਆਂ ਦੇ ਮੰਤਵ ਲਈ ਵੈਰੀਫਾਈ ਕਰਨਾ ਯਕੀਨੀ ਬਣਾਉਣਗੇ।

Pahl
19.5.26

**ਸਹਾਇਕ ਡਾਇਰਕਟਰ (ਟਰਾਂਸਫਰ ਸੈੱਲ)**